# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ

**13:10**

**ਮਿਤੀ :31-08-2026**

ਪੰਜਾਬ ਵਿਧਾਨ ਸਭਾ ਦੇ ਸਪੀਕਰ  ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਸਾਡੇ ਆਚਰਣ ਵਿੱਚ ਧਰਮ ਨੂੰ ਪ੍ਰਮੁੱਖਤਾ ਦੇਣਾ ਹੀ ਜੀਵਨ ਦੀ ਸਭ ਤੋਂ ਵੱਡੀ ਅਤੇ ਅਹਿਮ ਜ਼ਿੰਮੇਵਾਰੀ ਏ । ਉਨ੍ਹਾਂ ਕਿਹਾ ਕਿ ਧਰਮ ਹੀ ਰਾਜਨੀਤੀ ਨੂੰ ਸਹੀ ਦਿਸ਼ਾ ਦਿਖਾਉਂਦਾ ਏ ਅਤੇ ਸਮਾਜ ਨੂੰ ਇੱਕਜੁੱਟ ਰੱਖਣ ਲਈ ਧਰਮ ਦੇ ਮੂਲ ਸਿਧਾਂਤਾਂ ਨੂੰ ਆਪਣੇ ਜੀਵਨ ਅਤੇ ਆਚਰਣ ਵਿੱਚ ਅਪਣਾਉਣਾ ਬਹੁਤ ਜ਼ਰੂਰੀ ਏ । ਸ੍ਰੀ  ਸੰਧਵਾਂ ਬੀਤੀ ਸ਼ਾਮ ਮੋਹਾਲੀ ਵਿਖੇ ਸਾਉਣ ਮਹੀਨੇ ਦੇ ਰੁਦਰਾਭਿਸ਼ੇਕ ਅਤੇ ਦਿਵਿਆ ਪੂਜਨ ਮੌਕੇ ਕਰਵਾਈ ਗਈ 'ਸਾਡੀ ਸਮਾਜਿਕ ਜ਼ਿੰਮੇਵਾਰੀ' ਵਿਸ਼ੇ 'ਤੇ ਸੰਗੋਸ਼ਠੀ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਜਦੋਂ ਸਾਡਾ ਆਚਰਣ ਧਰਮ ਦੀ ਅਗਵਾਈ ਨੂੰ ਸਵੀਕਾਰ ਕਰਦਿਆਂ ਨੈਤਿਕ ਕਦਰਾਂ-ਕੀਮਤਾਂ 'ਤੇ ਆਧਾਰਿਤ ਹੋਵੇਗਾ ਤਾਂ ਅਸੀਂ ਨਾ ਸਿਰਫ਼ ਆਪਣੇ ਦੇਸ਼ ਨੂੰ ਵਿਸ਼ਵ ਪੱਧਰ 'ਤੇ ਨੰਬਰ ਇੱਕ ਬਣਾਉਣ ਵਿੱਚ ਯੋਗਦਾਨ ਪਾ ਸਕਾਂਗੇ, ਸਗੋਂ ਪੰਜਾਬ ਨੂੰ ਵੀ ਮੁੜ ਤਰੱਕੀ ਅਤੇ ਖੁਸ਼ਹਾਲੀ ਦੀਆਂ ਨਵੀਆਂ ਬੁਲੰਦੀਆਂ 'ਤੇ ਪਹੁੰਚਾ ਸਕਾਂਗੇ। ਉਨ੍ਹਾਂ ਕਿਹਾ ਕਿ ਸਮਾਜ ਵਿੱਚ ਆਪਸੀ ਭਾਈਚਾਰੇ, ਏਕਤਾ,

ਸਦਭਾਵਨਾ ਅਤੇ ਮਨੁੱਖੀ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਨਾ ਸਾਡੀ ਸਾਂਝੀ ਸਮਾਜਿਕ ਜ਼ਿੰਮੇਵਾਰੀ ਏ। ਧਰਮ ਦੇ ਸੱਚ, ਸੇਵਾ, ਇਮਾਨਦਾਰੀ ਅਤੇ ਮਨੁੱਖਤਾ ਦੇ ਸਿਧਾਂਤਾਂ ਨੂੰ ਅਪਣਾ ਕੇ ਹੀ ਇੱਕ ਮਜ਼ਬੂਤ ਅਤੇ ਖੁਸ਼ਹਾਲ ਸਮਾਜ ਦੀ ਸਿਰਜਣਾ ਕੀਤੀ ਜਾ ਸਕਦੀ ਏ ।

---

ਪੰਜਾਬ ਨੌਜਵਾਨਾਂ ਨੂੰ ਨਸ਼ਿਆਂ ਦੀ ਕਦੇ-ਕਦਾਈਂ ਜਾਂ ਪ੍ਰਯੋਗਾਤਮਕ ਵਰਤੋਂ ਦੀ ਆਦਤ ਨੂੰ ਬਦਲਣ ਤੋਂ ਪਹਿਲਾਂ ਮਦਦ ਪ੍ਰਦਾਨ ਕਰਨ ਲਈ ਕੰਮ ਕਰ ਰਿਹਾ ਏ। ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਹਰ ਬੱਚੇ ਨੂੰ ਦੇਖਭਾਲ, ਹਮਦਰਦੀ ਅਤੇ ਗੱਲਬਾਤ ਨਾਲ ਨਸ਼ਿਆਂਤੋਂ ਬਚਾਇਆ ਜਾ ਸਕਦਾ ਏ। ਉਨ੍ਹਾਂ ਕਿਹਾ ਕਿ ਪਰਿਵਾਰਾਂ, ਦੇਖਭਾਲ ਕਰਨ ਵਾਲਿਆਂ ਅਤੇ ਸਮਾਜ ਦੇ ਤੌਰ 'ਤੇ, ਸਾਨੂੰ ਆਪਣੇ ਬੱਚਿਆਂ ਨੂੰ ਸੁਣਨ ਲਈ ਆਪਣੀਆਂ ਅੱਖਾਂ, ਕੰਨ ਅਤੇ ਦਿਲ ਖੁੱਲ੍ਹੇ ਰੱਖਣੇ ਚਾਹੀਦੇ ਨੇ ਤਾਂ ਜੋ ਉਨ੍ਹਾਂ ਨਾਲ ਦੋਸਤਾਨਾ ਢੰਗ ਨਾਲ ਗੱਲ ਕਰਕੇ, ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕੀਤਾ ਜਾ ਸਕੇ। ਸੂਬੇ ਵਿੱਚ ਨਸ਼ਿਆਂ ਦੀ ਦੁਰਵਰਤੋਂ ਦੀ ਮੌਜੂਦਾ ਸਥਿਤੀ ਦੇ ਕਾਰਨ ਨੌਜਵਾਨਾਂ ਨੂੰ ਮਦਦ ਪ੍ਰਦਾਨ ਕਰਨ ਬਾਰੇ ਜਿਸ ਲਈ ਸਰਕਾਰ ਦੀ 'ਯੁੱਧ ਨਸ਼ਿਆ ਵਿਰੁੱਧ' ਮੁਹਿੰਮ ਪਿਛਲੇ ਕਈ ਮਹੀਨਿਆਂ ਤੋਂ ਚੱਲ ਰਹੀ ਏ ਬਾਰੇ ਬੋਲਦਿਆਂ, ਡਾ. ਬਲਬੀਰ ਨੇ ਕਿਹਾ ਕਿ ਹੁਣ ਮੁਹਿੰਮ ਦਾ ਧਿਆਨ ਨਸ਼ਿਆਂ ਦੀ ਸਪਲਾਈ ਨੂੰ ਰੋਕਣ ਤੋਂ ਲੈ ਕੇ ਕਮਜ਼ੋਰੀ ਨੂੰ ਜਲਦੀ ਫੜਨ ਤੱਕ ਵੀ ਏ ।

ਉਨ੍ਹਾਂ ਮਾਪਿਆਂ ਨੂੰ ਸੁਝਾਅ ਦਿੱਤਾ ਕਿ ਜੇਕਰ ਉਹ, ਆਪਣੇ ਬੱਚੇ ਦੇ ਵਿਵਹਾਰ ਵਿੱਚ ਤਬਦੀਲੀ ਕਾਰਨ ਚਿੰਤਤ ਨੇ ਅਤੇ ਬਿਲਕੁਲ ਨਹੀਂ ਜਾਣਦੇ ਕਿ ਕੀ ਕਰਨਾ ਏ ਤਾਂ ਉਹ ਗੁਪਤ, ਮਾਹਰ ਮਾਰਗ-ਦਰਸ਼ਨ ਲਈ 1800-89-14416 'ਤੇ ਟੈਲੀ-ਮਾਨਸ ਹੈਲਪਲਾਈਨ ਨਾਲ ਸੰਪਰਕ ਕਰ ਸਕਦੇ ਨੇ। ਟੈਲੀ ਮਾਨਸ  ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਦੇ ਅਧੀਨ ਭਾਰਤ ਸਰਕਾਰ ਦੀ ਇੱਕ ਪਹਿਲਕਦਮੀ ਏ। ਇਸਦਾ ਉਦੇਸ਼ ਸਾਰੇ ਨਾਗਰਿਕਾਂ ਲਈ ਬਰਾਬਰ, ਪਹੁੰਚਯੋਗ ਅਤੇ ਗੁਪਤ ਮਾਨਸਿਕ ਸਿਹਤ ਦੇਖਭਾਲ ਨੂੰ ਯਕੀਨੀ ਬਣਾਉਣਾ ਏ।

---

ਮੀਰੀ ਪੀਰੀ ਦਿਵਸ ਨੂੰ ਸਮਰਪਿਤ ਸ਼੍ਰੀ ਅਕਾਲ ਤਖਤ ਸਾਹਿਬ ਤੋਂ ਆਰੰਭ ਹੋਏ ਮੀਰੀ-ਪੀਰੀ ਖਾਲਸਾ ਮਾਰਚ ਅੱਜ ਸ਼ਹੀਦਾਂ ਦੇ ਪਵਿੱਤਰ ਅਸਥਾਨ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਜੈਕਾਰਿਆਂ ਨਾਲ ਆਰੰਭ ਹੋਇਆ। ਇਸ ਮੌਕੇ ਸ਼੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗ਼ਜ ਵੱਲੋਂ ਆਰੰਭਤਾ ਅਰਦਾਸ ਕੀਤੀ ਗਈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਮੁੱਖ ਵਿਦਿਅਕ ਅਦਾਰਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਵੱਲੋਂ ਪਾਲਕੀ ਸਾਹਿਬ ਦਾ ਫੁੱਲਾਂ ਦੀ ਵਰਖਾ ਕਰਕੇ ਸਵਾਗਤ ਕੀਤਾ ਗਿਆ।

---

ਪਟਿਆਲਾ ਸਥਿਤ ਪੰਜਾਬੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਜਗਦੀਪ ਸਿੰਘ ਨੇ ਕਿਹਾ ਕਿ ਉੱਚ ਸਿੱਖਿਆ ਨੂੰ ਹਰ ਕਿਸੇ ਲਈ ਪਹੁੰਚਯੋਗ ਅਤੇ ਕਿਫਾਇਤੀ ਬਣਾਈ ਰੱਖਣ ਦੀ ਯੂਨੀਵਰਸਿਟੀ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਵਚਨਬੱਧਤਾ ਨੂੰ ਧਿਆਨ ਵਿੱਚ ਰੱਖਦਿਆਂ ਪ੍ਰਸ਼ਾਸਨ ਨੇ ਤਾਜਵੀਜ਼ਸ਼ੁਦਾ ਫੀਸ ਵਾਧੇ ਨੂੰ ਪੂਰੀ ਤਰ੍ਹਾਂ ਵਾਪਸ ਲੈਣ ਦਾ ਫੈਸਲਾ ਕੀਤਾ ਏ । 2026-27 ਅਕਾਦਮਿਕ ਸੈਸ਼ਨ ਲਈ ਫੀਸ ਵਾਧੇ ਨੂੰ ਪੂਰੀ ਤਰ੍ਹਾਂ ਵਾਪਸ ਲੈਣ ਦਾ ਐਲਾਨ ਕੀਤਾ ਏ । ਕੱਲ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ਨਾਲ ਹੋਈ ਮੀਟਿੰਗ ਤੋਂ ਬਾਅਦ ਯੂਨੀਵਰਸਿਟੀ ਪ੍ਰਸ਼ਾਸਨ ਨੇ ਕਿਹਾ ਕਿ ਉਸ ਨੇ ਟਿਊਸ਼ਨ ਤੇ ਕੋਰਸ ਫੀਸ, ਰਜਿਸਟ੍ਰੇਸ਼ਨ ਫੀਸ ਅਤੇ ਹੋਸਟਲ ਫੀਸ ਵਿੱਚ ਕੀਤੇ ਵਾਧੇ ਨੂੰ ਵਾਪਸ ਲੈਣ ਅਤੇ ਪਿਛਲੇ ਅਕਾਦਮਿਕ ਸੈਸ਼ਨ ਵਾਲੀ ਫੀਸ ਸੰਰਚਨਾ ਨੂੰ ਹੀ ਜਾਰੀ ਰੱਖਣ ਦਾ ਫੈਸਲਾ ਕੀਤਾ ਏ ।

---------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੱਲ ਪਹਿਲੀ ਵਾਰ ਫਰੈਂਚਾਇਜ਼ੀ ਅਧਾਰਤ ਸ਼ੇਰ-ਏ-ਪੰਜਾਬ ਟੀ-20 ਕ੍ਰਿਕਟ ਲੀਗ ਦਾ ਉਦਘਾਟਨ ਕੀਤਾ। ਉਨ੍ਹਾਂ ਕਿਹਾ ਕਿ ਇਹ ਟੂਰਨਾਮੈਂਟ ਸੂਬੇ ਦੇ ਉਭਰਦੇ ਕ੍ਰਿਕਟਰਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਅਤੇ ਖੇਡ ਵਿੱਚ ਅੱਗੇ ਵਧਣ ਦੇ ਮੌਕੇ ਦੇਣ ਵਿੱਚ ਅਹਿਮ ਭੂਮਿਕਾ ਨਿਭਾਏਗਾ। ਪੰਜਾਬ ਕ੍ਰਿਕਟ ਐਸੋਸੀਏਸ਼ਨ-PCA ਵੱਲੋਂ ਕਰਵਾਏ ਜਾ ਰਹੇ ਉਦਘਾਟਨੀ ਐਡੀਸ਼ਨ

ਵਿੱਚ ਛੇ ਟੀਮਾਂ ਸ਼ਾਮਲ ਨੇ ਅਤੇ ਇਹ ਟੂਰਨਾਮੈਂਟ 13 ਸਤੰਬਰ ਤੱਕ ਮੋਹਾਲੀ ਦੇ ਪੀ.ਸੀ.ਏ. ਕ੍ਰਿਕਟ ਸਟੇਡੀਅਮ 'ਚ ਖੇਡਿਆ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਸ਼ੇਰ-ਏ-ਪੰਜਾਬ ਟੀ-20 ਲੀਗ ਪੰਜਾਬ ਵਿੱਚ ਕ੍ਰਿਕਟ ਨੂੰ ਉਤਸ਼ਾਹਿਤ ਕਰਨ ਅਤੇ ਹੁਨਰਮੰਦ ਕ੍ਰਿਕਟਰਾਂ ਨੂੰ ਖੇਡ ਵਿੱਚ ਅੱਗੇ ਵਧਣ ਦੇ ਵਧੇਰੇ ਮੌਕੇ ਦੇਣ ਲਈ ਕਰਵਾਈ ਜਾ ਰਹੀ ਏ । ਇਹ ਲੀਗ ਪੰਜਾਬ ਕ੍ਰਿਕਟ ਐਸੋਸੀਏਸ਼ਨ ਵੱਲੋਂ IPL ਦੀ ਤਰਜ਼ 'ਤੇ ਕਰਵਾਈ ਜਾ ਰਹੀ ਏ । ਟੂਰਨਾਮੈਂਟ ਦਾ ਪਹਿਲਾ ਮੈਚ ਅੰਮ੍ਰਿਤਸਰ ਸੂਰਮਾ ਅਤੇ ਮੋਹਾਲੀ ਕਿੰਗਜ਼ ਵਿਚਕਾਰ ਖੇਡਿਆ ਗਿਆ। ਇਸ ਉਦਘਾਟਨੀ ਐਡੀਸ਼ਨ ਵਿੱਚ ਛੇ ਫਰੈਂਚਾਇਜ਼ੀ ਟੀਮਾਂ ਹਿਸਾ ਲੈ ਰਹੀਆਂ ਹਨ, ਜਿਨ੍ਹਾਂ ਵਿੱਚੋਂ ਹਰੇਕ ਟੀਮ ਦੀ ਅਗਵਾਈ ਪੰਜਾਬ ਦੇ ਮੋਹਰੀ ਕ੍ਰਿਕਟਰ ਕਰ ਰਹੇ ਨੇ । ਫਾਜ਼ਿਲਕਾ ਫਾਲਕਨਜ਼ ਦੀ ਕਪਤਾਨੀ ਸ਼ੁਭਮਨ ਗਿੱਲ, ਲੁਧਿਆਣਾ ਲਾਇਨਜ਼ ਦੀ ਅਰਸ਼ਦੀਪ ਸਿੰਘ, ਅੰਮ੍ਰਿਤਸਰ ਸੂਰਮੇ ਦੀ ਅਭਿਸ਼ੇਕ ਸ਼ਰਮਾ, ਜਲੰਧਰ ਵਾਰੀਅਰਜ਼ ਦੀ ਪ੍ਰਭਸਿਮਰਨ ਸਿੰਘ, ਮੋਹਾਲੀ ਕਿੰਗਜ਼ ਦੀ ਰਮਨਦੀਪ ਸਿੰਘ ਅਤੇ ਬਠਿੰਡਾ ਰਾਇਲਜ਼ ਦੀ ਕਪਤਾਨੀ ਗੁਰਨੂਰ ਬਰਾੜ ਕਰ ਰਹੇ ਨੇ ।

---------------------------------------------------------------------

ਤਰਨ ਤਾਰਨ ਜ਼ਿਲ੍ਹਾ ਪ੍ਰਸ਼ਾਸਨ ਅਤੇ ਖੇਡ ਵਿਭਾਗ ਤਰਨ ਤਾਰਨ ਵਲੋਂ ,ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ‘ਰਨ ਫਾਰ ਇਕੁਐਲਿਟੀ’ 5 ਕਿਲੋਮੀਟਰ ਮੈਰਾਥਨ ਕਰਵਾਈ ਗਈ।

ਇਸ ਮੌਕੇ ਵਿਦਿਆਰਥੀਆਂ, ਖਿਡਾਰੀਆਂ ਅਤੇ ਇਲਾਕਾ ਵਾਸੀਆਂ ਨੇ ਉਤਸ਼ਾਹ ਨਾਲ ਹਿੱਸਾ ਲੈਂਦਿਆਂ ਸਮਾਜ ਵਿੱਚ ਬਰਾਬਰੀ, ਏਕਤਾ ਅਤੇ ਭਾਈਚਾਰਕ ਸਾਂਝ ਦਾ ਸੰਦੇਸ਼ ਦਿੱਤਾ। ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਭੁਪਿੰਦਰ ਸਿੰਘ ਖੇੜਾ ਨੇ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਸਮੁੱਚੀ ਮਨੁੱਖਤਾ ਨੂੰ ਬਰਾਬਰੀ ਅਤੇ ਭਾਈਚਾਰੇ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬ ਦੇ ਵਿਚਾਰਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਨੇ । ਉਪ ਜ਼ਿਲ੍ਹਾ ਸਿੱਖਿਆ ਅਫਸਰ ਰਜਿੰਦਰ ਕੌਰ ਨੇ ਕਿਹਾ ਕਿ ਮੈਰਾਥਨ ਰਾਹੀਂ, ਵਿਦਿਆਰਥੀਆਂ ਵਿੱਚ ਬਰਾਬਰੀ ਅਤੇ ਭਾਈਚਾਰਕ ਸਾਂਝ ਦਾ ਸੰਦੇਸ਼ ਪਹੁੰਚਾਇਆ ਗਿਆ ਏ । ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀ ਸਿਹਤ ਪ੍ਰਤੀ ਜਾਗਰੂਕ ਰਹਿਣ ਅਤੇ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਇਸ ਦੇ ਨਾਲ ਹੀ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਤੰਦਰੁਸਤ ਅਤੇ ਨਸ਼ਾ ਮੁਕਤ ਜੀਵਨ ਬਤੀਤ ਕਰਨ ਦਾ ਸੰਦੇਸ਼ ਵੀ ਦਿੱਤਾ ਗਿਆ। ਮੈਰਾਥਨ ਵਿੱਚ ਸ਼ਾਮਲ ਹੋਏ ਭਾਗੀਦਾਰਾਂ ਨੇ ਵੀ ਸਿਹਤਮੰਦ ਜੀਵਨ ਅਤੇ ਨਸ਼ਿਆਂ ਤੋਂ ਦੂਰ ਰਹਿਣ ਦਾ ਸੰਕਲਪ ਲਿਆ।

--------------------------------------------------------------------

ਦੁਬਈ ਵਿੱਚ ਏਸ਼ੀਆ ਕੱਪ ਮਹਿਲਾ ਟਵੇਂਟੀ-ਟਵੇਂਟੀ ਕ੍ਰਿਕਟ ਮੈਚ ਵਿੱਚ ਭਾਰਤ ਨੇ ਥਾਈਲੈਂਡ ਨੂੰ 94 ਦੌੜਾਂ ਨਾਲ ਹਰਾ ਕੇ ਆਪਣੀ ਮੁਹਿੰਮ ਦੀ ਮਜ਼ਬੂਤ ਸ਼ੁਰੂਆਤ ਕੀਤੀ। ਪਹਿਲਾਂ ਬੱਲੇਬਾਜ਼ੀ ਕਰਦੇ ਹੋਏ, ਭਾਰਤ ਨੇ

ਆਪਣੇ ਨਿਰਧਾਰਤ 20 ਓਵਰਾਂ ਵਿੱਚ 9 ਵਿਕਟਾਂ 'ਤੇ 159 ਦੌੜਾਂ ਬਣਾਈਆਂ। ਸ਼ੈਫਾਲੀ ਵਰਮਾ ਨੇ 64 ਦੌੜਾਂ ਦੀ ਸ਼ਾਨਦਾਰ ਪਾਰੀ ਖੇਡੀ। ਜਵਾਬ ਵਿੱਚ, ਥਾਈਲੈਂਡ 15 ਓਵਰਾਂ ਅਤੇ ਤਿੰਨ ਗੇਂਦਾਂ ਵਿੱਚ 65 ਦੌੜਾਂ 'ਤੇ ਆਲ ਆਊਟ ਹੋ ਗਿਆ। ਸ਼ੈਫਾਲੀ ਵਰਮਾ ਨੂੰ 'ਪਲੇਅਰ ਆਫ ਦਿ ਮੈਚ' ਚੁਣਿਆ ਗਿਆ। ਭਾਰਤ ਦਾ ਅਗਲਾ ਮੈਚ ਪਾਕਿਸਤਾਨ ਖਿਲਾਫ ਹੋਵੇਗਾ।